ਪ੍ਰੈਸ ਨੋਟ

**ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ਼ ਕਾਰਵਾਈ**

**ਪਿੰਡ ਤੱਪਾ ਖੇੜਾ ਦੇ ਨਸ਼ਾ ਤਸਕਰ ਦੀ 9 ਲੱਖ 65 ਹਜ਼ਾਰ ਦੀ ਪ੍ਰਾਪਰਟੀ ਨੂੰ ਕੀਤਾ ਸੀਲ, ਲਗਾਇਆ ਨੋਟਿਸ**

**ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਜੀ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਵੱਖ-ਵੱਖ ਪੁਲਿਸ ਦੀਆਂ ਟੁੱਕੜੀਆਂ ਬਣਾ ਕੇ ਨਸ਼ੇ ਵੇਚਣ ਵਾਲੇ ਸੌਦਾਗਰਾ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਜੇਲ੍ਹਾ ਵਿੱਚ ਸੁੱਟਿਆ ਜਾ ਰਿਹਾ ਹੈ। ਜਿੰਨਾ ਨਸ਼ਾ ਤਸਕਰਾਂ ਖਿਲਾਫ ਐਨ.ਡੀ.ਪੀ.ਐਸ ਐਕਟ ਦੇ ਕਮਰਸ਼ੀਅਲ ਮਾਤਰਾ ਦੇ ਮੁਕੱਦਮੇ ਦਰਜ ਹਨ ਉਹਨਾਂ ਵੱਲੋਂ ਨਸ਼ਾ ਤਸਕਰੀ ਰਾਹੀਂ ਬਣਾਈ ਗਈ ਪ੍ਰਾਪਰਟੀ ਨੂੰ ਫਰੀਜ਼ ਕਰਵਾਉਣ ਲਈ 68-ਐਫ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਭੇਜਿਆ ਜਾ ਰਿਹਾ ਹੈ।**

**ਇਸੇ ਤਹਿਤ ਹੀ ਸ. ਫਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ) ਦੀ ਨਿਗਰਾਨੀ ਹੇਠ ਐਸ.ਆਈ ਗੁਰਤੇਜ ਸਿੰਘ ਮੁੱਖ ਅਫਸਰ ਥਾਣਾ ਲੰਬੀ ਵੱਲੋਂ ਪਿੰਡ ਤੱਪਾ ਖੇੜਾ ਦੇ ਨਸ਼ਾ ਤਸਕਰ ਦੀ ਪ੍ਰਾਪਰਟੀ ਨੂੰ ਸੀਲ ਕੀਤਾ ਗਿਆ ਹੈ।**

**ਇਸ ਮੌਕੇ ਸ.ਫਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ) ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਜਸ਼ਨਦੀਪ ਸਿੰਘ ਉਰਫ਼ ਜਸ਼ਨ ਪੁੱਤਰ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਤੱਪਾ ਖੇੜਾ ਜਿਸ ਦੇ ਖਿਲਾਫ ਮੁਕੱਦਮਾ ਨੰਬਰ 132 ਮਿਤੀ 04.06.2022 ਅ/ਧ 22c/61 ਐਨ.ਡੀ.ਪੀ.ਐਸ ਐਕਟ ਥਾਣਾ ਲੰਬੀ ਵਿਖੇ ਦਰਜ ਹੈ ਜਿਸ ਵਿੱਚ ਇਸ ਪਾਸੋਂ ਕਮਰਸ਼ੀਅਲ ਮਾਤਰਾ ਦਾ ਨਸ਼ਾ ਬ੍ਰਾਮਦ ਹੋਈਆ ਸੀ। ਜਸ਼ਨਦੀਪ ਸਿੰਘ ਉਰਫ਼ ਜਸ਼ਨ ਪੁੱਤਰ ਬਲਕਾਰ ਸਿੰਘ ਵਾਸੀ ਪਿੰਡ ਤੱਪਾ ਖੇੜਾ ਵੱਲੋਂ ਨਸ਼ਾ ਤਸਕਰੀ ਕਰਕੇ ਬਣਾਈ ਗਈ ਪ੍ਰਾਪਰਟੀ ਹੈ। ਜਿਸ ਪ੍ਰਾਪਰਟੀ ਦੀ ਕੁੱਲ ਕੀਮਤ 9 ਲੱਖ 65 ਹਜ਼ਾਰ 600 ਰੁਪਏ ਬਣਦੀ ਹੈ, ਜਿਸ ਦੀ ਅਟੈਚਮੈਂਟ ਲਈ 68 ਐਫ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਤਿਆਰ ਕਰਕੇ ਕੰਪੀਟੈਂਟ ਅਥਾਰਟੀ ਦਿੱਲੀ ਭੇਜਿਆ ਸੀ।ਜਿਸ ਦੇ ਆਰਡਰ ਮੌਸੂਲ ਹੋਣ ਤੇ ਉਸਦੇ ਪ੍ਰਾਪਰਟੀ ਦੇ ਬਾਹਰ ਨੋਟਿਸ ਲਗਾਇਆ ਗਿਆ ਹੈ ਕਿ ਹੁਣ ਉਹ ਇਹ ਪ੍ਰਾਪਰਟੀ ਵੇਚ ਨਹੀ ਸਕੇਗਾ ਅਤੇ ਜਿਸਦਾ ਕੇਸ ਕੰਪੀਟੈਂਟ ਅਥਾਰਟੀ ਦਿੱਲੀ ਪਾਸ ਚੱਲੇਗਾ। ਡੀ.ਐਸ.ਪੀ ਨੇ ਦੱਸਿਆ ਕਿ ਨਸ਼ੇ ਦੀ ਤਸਕਰੀ ਕਰਨ ਵਾਲੇ ਨੂੰ ਕਦੇ ਵੀ ਬਖਸ਼ਿਆ ਨਹੀਂ ਜਾਵੇਗਾ।ਉਹਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਹਾਡੇ ਨਜ਼ਦੀਕ ਕੋਈ ਨਸ਼ਾ ਵੇਚਦਾ ਹੈ ਜਾਂ ਕੋਈ ਵਿਅਕਤੀ ਨਸ਼ੇ ਦਾ ਆਦੀ ਹੈ ਤੁਸੀ ਇਸਦੀ ਜਾਣਕਾਰੀ ਸਾਡੇ ਹੈਲਪ ਲਾਈਨ ਨੰਬਰ 80549-42100 ਤੇ ਵਟਸ ਐਪ ਮੈਸੇਜ ਜਾਂ ਫੋਨ ਕਰਕੇ ਦੇ ਸਕਦੇ ਹੋ।ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।**